ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਮੀਮੋ ਨੰ. 3/68/2019-3ਸਿ3/ 2020139/1 ਮਿਤੀ, ਚੰਡੀਗੜ੍ਹ: 5-2-2020

Doon Public School, Village Sandhwal, Hajipur, Tehsil Mukerian, District Hoshiarpur ਨੂੰ ਦਸਵੀਂ ਪੱਧਰ ਦੀ ਮਾਨਤਾ ਹੇਠ ਲਿਖੀਆਂ ਸ਼ਰਤਾਂ ਤੇ ਦਿੱਤੀ ਜਾਂਦੀ ਹੈ:-

1. ਸਕੂਲ The Right of Children to Free and Compulsory Education Act, 2009 ਦੀ ਪਾਲਣਾ ਕਰੇਗਾ।
2. ਸਕੂਲ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰਨਾ ਯਕੀਨੀ ਬਣਾਏਗਾ।
3. ਕਿਸੇ ਵੀ ਸਟੇਜ ਤੇ ਤੱਥਾਂ ਦੇ ਗਲਤ ਸਾਬਤ ਹੋਣ ਦੀ ਸੂਰਤ ਵਿੱਚ ਇਹ ਮਾਨਤਾ ਰੱਦ ਕੀਤੀ ਜਾਵੇਗੀ।
4. ਸਕੂਲ ਵਲੋਂ ਚਲਾਨ ਨੰ. CPV2954230 ਮਿਤੀ 07.10.2019 ਰਾਹੀਂ 92,000/- ਰੁਪਏ ਦੀ ਪ੍ਰੋਸੈਸਿੰਗ ਫੀਸ ਜਮ੍ਹਾ ਕਰਵਾ ਦਿੱਤੀ ਗਈ ਹੈ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਪਿ.ਅੰ.ਨੰ. 3/68/2019-3ਸਿ3 ਮਿਤੀ, ਚੰਡੀਗੜ੍ਹ:

ਉਪਰਕੋਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ) ਪੰਜਾਬ, ਮੋਹਾਲੀ।
2. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਹੁਸ਼ਿਆਰਪੁਰ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਨੰ: 3/68/2019-3ਸਿ3/2020140/1

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,

Doon Public School,

Village Sandhwal, Hajipur,

Tehsil Mukerian, District Hoshiarpur.

ਮਿਤੀ:ਚੰਡੀਗੜ੍ਹ: 5-2-2020

ਵਿਸ਼ਾ:- Doon Public School, Village Sandhwal, Hajipur, Tehsil Mukerian, District Hoshiarpur ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਦਸਵੀਂ ਪੱਧਰ ਦਾ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਸਬੰਧੀ।

******

ਸ੍ਰੀਮਾਨ ਜੀ,

ਉਪਰਕੋਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆਂ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ) ਹੁਸ਼ਿਆਰਪੁਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਮੋਹਾਲੀ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਦਸਵੀਂ ਪੱਧਰ ਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾਂ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ **ਸੀ.ਬੀ.ਐਸ.ਈ** ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।
3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।

4. ਸੀ.ਬੀ.ਐਸ.ਈ ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਊਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਬੱਧ ਹੋਵੇਗੀ। ਸਕੂਲ ਐਕਸਟੈਨਸ਼ਨ/ਅਪਗ੍ਰੇਡੇਸ਼ਨ ਸਮੇਂ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਸਬੰਧਤ ਜ਼ਿਲ੍ਹਾ ਸਿੱਖਿਆ ਅਫਸਰ ਦੇ ਕੋਲ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਦਾ ਬਣਦਾ ਰਿਜ਼ਰਵ ਫੰਡ ਜਮ੍ਹਾ ਕਰਵਾਏਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

6 ਬੱਚਿਆ ਦੀ ਸੁਰੱਖਿਆ, ਪਬਲਿਕ ਹੈਲਥ ਸੈਨੀਟੇਸ਼ਨ ਅਤੇ ਹੋਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾਂ ਦਾ ਸਮੇਂ -2 ਨਿਰੀਖਣ ਪੰਜਾਬ ਸਰਕਾਰ ਦੇ ਅਧਿਕਾਰੀਆਂ ਵੱਲੋਂ ਕੀਤਾ ਜਾਵੇਗਾ।

7. ਪੰਜਾਬ ਸਰਕਾਰ ਵੱਲੋਂ ਪੱਤਰ ਨੰ:2/93/2009/3ਸਿ3/1360154 ਮਿਤੀ 26.11.2018 ਰਾਹੀਂ ਜਾਰੀ ਕੀਤੀਆਂ ਗਾਈਡਲਾਇਨਜ਼ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਪਿੱ:ਅੰ:ਨੰ: 3/68/2019-3ਸਿ3/ ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ. 260808-15/32-2019 ਗ੍ਰਾਂਟ ਕਮ ਪੈਨ 1(6)/2019439490 ਮਿਤੀ 27.12.19 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ। ਸਬੰਧਤ ਸਕੂਲ ਤੋਂ ਉਪਰੋਕਤ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

2. Doon Public School, Village Sandhwal, Hajipur, Tehsil Mukerian, District Hoshiarpur ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

# ਦਫ਼ਤਰ ਜ਼ਿਲਾ ਸਿੱਖਿਆ ਅਫਸਰ (ਐ.ਸਿ.), ਹੁਸ਼ਿਆਰਪੁਰ

Email – ssahoshiarpur19@gmail.com
ਸੰਪਰਕ ਨੰ. 01882-241350

ਮੀਮੋ ਨੰ:ਸਸਅ/ਆਰ.ਟੀ.ਈ/2020/4 ਮਿਤੀ:01.06.2020

ਮੈਨੇਜਰ/ਪ੍ਰਿੰਸੀਪਲ
ਦੂਨ ਪਬਲਿਕ ਸਕੂਲ
ਬਲਾਕ ਹਾਜੀਪੁਰ

ਵਿਸ਼ਾ: ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਨਿਯਮ 15 ਦੇ ਉਪ ਨਿਯਮ(4)ਅਧੀਨ,ਬੱਚਿਆ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ,2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦਾ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਪਿਆਰੇ ਸ਼੍ਰੀ ਮਾਨ/ਸ਼੍ਰੀ ਮਤੀ ਜੀ

ਆਪਜੀ ਦੀ ਪ੍ਰਤੀ ਬੇਨਤੀ ਸਬੰਧੀ ਕੀਤੇ ਸਕੂਲ ਨਾਲ ਪੱਤਰ ਵਿਹਾਰ /ਪੜਤਾਲ ਦੇ ਹਵਾਲੇ ਵਿੱਚ ਮੈਂ ਦੂਨ ਪਬਲਿਕ ਸਕੂਲ ਬਲਾਕ ਹਾਜੀਪੁਰ ਨੂੰ ਪਹਿਲੀ ਤੋਂ ਅਠਵੀਂ ਜਮਾਤ ਤੱਕ 31 ਮਾਰਚ,2023 ਦੇ ਸਮੇਂ ਲਈ ਮਾਨਤਾ ਭੇਜਦਾ ਹਾਂ।

ਉਪਰੋਕਤ ਮਾਨਤਾ ਹੇਠ ਦਿੱਤੀਆਂ ਸ਼ਰਤਾਂ ਦੇ ਆਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਕਿ ਇਹ ਅੱਠਵੀਂ ਜਮਾਤ ਤੋਂ ਅੱਗੇ ਦੀ ਮਾਨਤਾ ਲਈ ਲਾਜ਼ਮੀ ਹੈ।
2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਅਤੇ ਬੱਚਿਆ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਉਪਬੰਧਾ ਦੀ ਪਾਲਣਾ ਕਰੇਗਾ ।
3. ਸਕੂਲ ਪਹਿਲੀ ਜਮਾਤ ਵਿੱਚ ਜਮਾਤ ਦੀ ਕੁੱਲ ਸੰਖਿਆ ਦਾ 25% ਪ੍ਰਤੀਸ਼ਤ, ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫ਼ਤ ਅਤੇ ਲਾਜ਼ਮੀ ਮੁੱਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪ੍ਰਦਾਨ ਕਰੇਗਾ।
4. ਸਕੂਲ ਨੂੰ ਪੈਰ੍ਹਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰ੍ਹਾ 12 ਦੀ ਉਪ-ਧਾਰ੍ਹਾ (2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ । ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5. ਸੰਸਥਾ/ਸਕੂਲ ਕੋਈ ਕੈਪੀਟੇਸ਼ਨ ਫ਼ੀਸ ਨਹੀਂ ਲਵੇਗਾ ਅਤੇ ਬੱਚੇ ਜਾਂ ਉਸ ਦੇ ਮਾਪਿਆਂ ਜਾਂ ਸਰਪ੍ਰਸਤਾਂ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰ੍ਹਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ । ਸਕੂਲ ਇਹ ਯਕੀਨੀ ਬਣਾਏਗਾ ਕਿ :-
   (1) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿੱਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿੱਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਸਕੂਲ ਵਿੱਚ ਮੁੱਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ
   (2) ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਕੀਤੀ ਜਾਵੇਗੀ
   (3) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ;
   (4) ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ, ਨੂੰ ਨਿਯਮ 25 ਦਿੱਤੇ ਅਨੁਸਾਰ ਪ੍ਰਮਾਣਪੱਤਰ ਦਿੱਤਾ ਜਾਵੇਗਾ;
   (5) ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ ਵਾਲੇ ਵਿਦਿਆਰਥੀਆਂ ਦੀ ਸਮੂਲਿਅਤ ;
   (6) ਅਧਿਆਪਕਾਂ ਲਈ ਇਹ ਜ਼ਰੂਰੀ ਹੈ ਕਿ ਉਹ ਧਾਰ੍ਹਾ 23(1) ਅਧੀਨ ਦਿੱਤੀਆਂ ਘੱਟ-ਘੱਟ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋ । ਪਰੰਤੂ ਅੱਗੇ ਸ਼ਰਤ ਇਹ ਹੈ ਕਿ ਮੌਜੂਦਾ ਅਧਿਆਪਕ ਜੋ ਇਸ ਐਕਟ ਤੇ ਲਾਗੂ ਹੋਣ ਸਮੇਂ ਘੱਟ-ਘੱਟ ਵਿੱਦਿਅਕ ਯੋਗਤਾਵਾਂ ਪ੍ਰਾਪਤ ਕਰਨਗੇ;।
   (7) ਅਧਿਆਪਕ ਐਕਟ ਦੀ ਧਾਰ੍ਹਾ 24(1)ਅਧੀਨ ਦਰਸਾਈਆਂ ਜਿੰਮੇਵਾਰੀਆ ਪੂਰੀਆਂ ਕਰਦੇ ਹਨ;
   (8) ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾ ਵਿੱਚ ਮਸ਼ਰੂਫ ਨਹੀਂ ਰੱਖਣਗੇ।
7. ਸਕੂਲ ਪੜ੍ਹਾਈ ਦੇ ਵਿਸ਼ਿਆ ਦੇ ਆਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰਨਗੇ।
8. ਸਕੂਲ ਦੇ ਇਸੇ ਨਾਂ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀਂ ਚਲਾਈ ਜਾਵੇਗੀ।
9. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜਾਈ ਅਤੇ ਯੋਗਤਾ ਵਿਕਾਸ ਲਈ ਹੀ ਵਰਤੇ ਜਾਣ ਗੇ।
10. ਸਕੂਲ ਸੁਸਾਇਟੀ ਰਜਿਸਟਰੇਸ਼ਨ ਐਕਟ,1860(1860 ਦਾ 21) ਅਧੀਨ ਰਜਿਸਟਰ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ ਸਮੇਂ ਦੇ ਲਾਗੂ ਕਿ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।
11. ਸਕੂਲ ਕਿਸੇ ਨਿੱਜੀ ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾ ਰਿਹਾ।
12. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤਾ ਜਾਣਾ ਚਾਹਿਦਾ ਹੈ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ।ਹਰ ਲੇਖਾ ਸਾਰਣੀ ਦੀ ਇੱਕ ਕਾਪੀ ਹਰ ਸਾਲ ਜ਼ਿਲ੍ਹਾ ਸਿੱਖਿਆ ਅਧਿਕਾਰੀ(ਐ.ਸਿ.) ਨੂੰ ਭੇਜੀ ਜਾਵੇਗੀ।

13. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰ RTE-604 ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਨ ਸਮੇਂ ਇਹ ਦਰਜ ਕੀਤਾ ਜਾਵੇ।

14. ਸਕੂਲ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ ਸਮੇਂ ਸਿਰ ਮੰਗੀ ਗਈ ਸੂਚਨਾ ਪੇਸ਼ ਕਰੇਗਾ ਅਤੇ ਉਚਿਤ ਅਥਾਰਟੀ ਜਾਂ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲਾਂ ਦੇ ਕੰਮ ਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।

15. ਸੰਸਥਾ ਦੀ ਰਜਿਸਟਰੇਸ਼ਨ ਦਾ ਨਵੀਨੀਕਰਨ ਜੇਕਰ ਕੋਈ ਜ਼ਰੂਰੀ ਹੋਵੇ, ਕਰਵਾਉਣਾ ਯਕੀਨੀ ਬਣਾਇਆ ਜਾਵੇ।

16. ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।

1/6/2020

ਜ਼ਿਲ੍ਹਾ ਸਿੱਖਿਆ ਅਫਸਰ(ਐ.ਸਿ.)
ਹੁਸ਼ਿਆਰਪੁਰ।

# Doon Public School

Vill. Sandhwal, Hajipur, Teh. Mukerian Distt. Hoshiarpur
Contact : 96502-89777, 96536-08888, 98885-11456
Email : doonpublicschoolmukerian@gmail.com

Ref. No. DPS/60..... Dated...16/9/19......

To

District Education Officer (Higher Secondary)
Hoshiarpur.

Sub: For no Objection certificate from Punjab Govt. for the purpose of Affiliation from CBSE Board.

Sir,

With reference to your letter no. 15/32-2019 grant-pan-1 (6) 12019272778 dated 03.09.2019. It is submitted that the notified objections has been removed as follow.

1. The copy of the resolution of Jai Ambey Educational society for the purpose of starting Doon Public School is attached herewith along with Registration certificate of the Societies.
2. Regarding single plot, Naib Tehsildar has approved it and the certified copy of it is attached herewith.
3. The map of the school along with play ground and number of rooms approved by the town planner is attached.
4. Copy of water & sanitation Certificate along with Lab report approved by SDE, W/S & Sanitation Sub division No. 2, Talwara is attached.
5. Copy of the record of equipments for different science labs (Chemistry, physics and biology) is attached.
6. Teacher student pupil ratio certificate is attached.
7. The NOC is required upto 10th standard. The letter is attached.
8. Certified Copy of RTE certificate on school letter pad along with RTE affiliation letter are attached.
9. The eligibility certificate for teaching & non-teaching staff is attached.
10. The original copies of balance sheet are attached.
11. The affidavit from the principal regarding imparting of Punjabi language is attached.
12. The affidavit from the principal regarding own transport is attached.
13. The approved copy of school map along with CLU is attached.

You are requested to please initiate the process as early as possible so that affiliation process can be processed.

Thanking you,

Ours sincerely

Principal
Doon public School
Sandhwal (Hajipur)
Dist- Hoshiarpur (Pb)
144221

# Doon Public Schoo

Vill. Sandhwal, Hajipur, Teh. Mukerian Distt. Hoshiarpur
Contact : 96502-89777, 96536-08888, 98885-11456
Email : doonpublicschoolmukerian@gmail.com

Ref. No......................                                                                 Dated..................

To,

DPI (School)
Punjab
Chandigarh.

Subject- No Objection Certificate.

Sir,

It is respectfully submitted that Jai Ambey Education Society has started "Doon Public School "Hajipur Teh-Mukerian, Distt-Hoshiarpur for which the affiliation upto 10th from CBSE, Delhi is to be taken. For that purpose, the NOC from Punjab Government is required.

We are submitting the necessary documents for NOC. Please take the necessary action and oblige.

Thanking you,

Yours faithfully,

President
Doon Public school,
Mukerian

Rohit Katna

President
Doon Public School Vill Sandhwal
(Hajipur Distt. Hoshiarpur)

Principal
Doon Public School Vill Sandhwal
(Hajipur) Distt. Hoshiarpur